# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 01-07-2025**

- ਡਿਜੀਟਲ ਇੰਡੀਆ ਨੇ ਅੱਜ 10 ਸਾਲ ਪੂਰੇ ਕੀਤੇ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਇਹ ਮਿਸ਼ਨ ਹੁਣ ਇੱਕ ਜਨ ਅੰਦੋਲਨ ਬਣ ਗਿਆ ਏ ।
- ਮੌਨਸੂਨ ਸੀਜਨ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ, ਪਟਿਆਲਾ ਅਤੇ ਲੁਧਿਆਣਾ ਸਮੇਤ ਵੱਖ ਵੱਖ ਜ਼ਿਲਾ ਪ੍ਰਸ਼ਾਸ਼ਨਾਂ ਵਲੋਂ ਸਬੰਧਤ ਵਿਭਾਗਾਂ ਨੂੰ ਪੁਖਤਾ ਇੰਤਜਾਮ ਕਰਨ ਦੇ ਨਿਰਦੇਸ਼ ।
- ਦੇਸ਼ ਅੱਜ ਡਾਕਟਰ ਦਿਵਸ ਅਤੇ ਚਾਰਟਰਡ ਅਕਾਊਂਟੈਂਟ ਦਿਵਸ ਮਨਾ ਰਿਹਾ ਏ ।

- ਰੂਪਨਗਰ ਦੇ ਛੇ ਸਾਲਾ ਤੇਗਬੀਰ ਸਿੰਘ ਨੇ, ਰੂਸ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਲਬਰਸ ਫਤਿਹ ਕੀਤੀ-ਬਣਾਇਆ ਵਿਸ਼ਵ ਰਿਕਾਰਡ।
- ਮੌਸਮ ਵਿਭਾਗ ਨੇ ਜੁਲਾਈ ਦੌਰਾਨ ਪੂਰੇ ਦੇਸ਼ ਵਿੱਚ ਔਸਤ ਵਰਖਾ ਆਮ ਨਾਲੋਂ ਵੱਧ ਰਹਿਣ ਦੀ ਪੇਸ਼ੀਨਗੋਈ ਕੀਤੀ।
- ਅੰਤਰ-ਰਾਸ਼ਟਰੀ ਮਹਿਲਾ ਟਵੈਂਟੀ-ਟਵੈਂਟੀ ਕ੍ਰਿਕਟ ਵਿੱਚ ਭਾਰਤ ਅਤੇ ਇੰਗਲੈਂਡ ਵਿਚਕਾਰ ਪੰਜ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਇੰਗਲੈਂਡ ਵਿੱਚ ਖੇਡਿਆ ਜਾਵੇਗਾ।

-----------------------------------------------------

ਭਾਰਤ, ਡਿਜੀਟਲ ਇੰਡੀਆ ਪ੍ਰੋਗਰਾਮ ਦੇ 10 ਸਾਲ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ 2015 ਵਿੱਚ ਸ਼ੁਰੂ ਕੀਤੀ ਗਈ ਇਸ ਪਹਿਲ ਦਾ ਉਦੇਸ਼, ਪ੍ਰਸ਼ਾਸਨ ਨੂੰ ਬਿਹਤਰ ਬਣਾਉਣ ਅਤੇ ਸਾਰੇ ਨਾਗਰਿਕਾਂ ਲਈ ਰੋਜ਼ਾਨਾ ਜੀਵਨ ਨੂੰ ਆਸਾਨ ਬਣਾਉਣ ਲਈ ਤਕਨਾਲੋਜੀ ਦੀ ਵਰਤੋਂ ਕਰਨਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਇੱਕ ਇਤਿਹਾਸਕ

ਦਿਨ ਏ ਕਿਉਂਕਿ ਡਿਜੀਟਲ ਇੰਡੀਆ ਨੇ ਆਪਣੇ 10 ਸਾਲ ਪੂਰੇ ਕਰ ਲਏ ਨੇ। ਇੱਕ ਦਹਾਕੇ ਬਾਅਦ, ਦੇਸ਼ ਇੱਕ ਅਜਿਹੀ ਯਾਤਰਾ ਦਾ ਗਵਾਹ ਏ ਜਿਸਨੇ ਅਣਗਿਣਤ ਜ਼ਿੰਦਗੀਆਂ ਨੂੰ ਛੂਹਿਆ ਏ ਅਤੇ ਸ਼ਕਤੀਕਰਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਏ।

-------------------------------------------------------------

ਡਿਜੀਟਲ ਇੰਡੀਆ ਨੇ ਸਿਰਫ਼ ਤਕਨਾਲੋਜੀ ਨੂੰ ਹੀ ਲੋਕਾਂ ਦੇ ਨੇੜੇ ਨਹੀਂ ਲਿਆਂਦਾ, ਸਗੋਂ ਇਸਨੇ ਲੋਕਾਂ ਨੂੰ ਵੀ ਮੌਕਿਆਂ ਦੇ ਨੇੜੇ ਵੀ ਲਿਆਂਦਾ ਏ। ਡਿਜੀਟਲ ਇੰਡੀਆ ਪਹਿਲਕਦਮੀ ਨੇ ਕਾਫੀ ਤਰੱਕੀ ਕੀਤੀ ਏ ਅਤੇ, ਦੂਰ-ਦੁਰਾਡੇ ਦੇ ਇਲਾਕਿਆਂ ਤੱਕ ਇੰਟਰਨੈੱਟ ਨੂੰ ਪਹੁੰਚਾਇਆ ਏ ਅਤੇ ਸਰਕਾਰੀ ਸੇਵਾਵਾਂ ਨੂੰ ਔਨਲਾਈਨ ਉਪਲਬਧ ਕਰਵਾਇਆ ਏ।

***<u>ਇਕ ਰਿਪੋਰਟ  ਡਿਜੀਟਲ ਇੰਡੀਆ ਪਹਿਲਕਦਮੀ ਨੇ ਦੇਸ਼ ਦੇ ਦੂਰ-ਦੁਰਾਡੇ ਤੱਕ ਇੰਟਰਨੈੱਟ ਪਹੁੰਚਾ ਕੇ ਅਤੇ ਸਰਕਾਰੀ ਸੇਵਾਵਾਂ ਨੂੰ ਔਨਲਾਈਨ ਉਪਲਬਧ ਕਰਵਾ ਕੇ, ਡਿਜੀਟਲ ਖੱਪੇ ਨੂੰ ਸੱਚਮੁੱਚ ਪੂਰਾ ਕੀਤਾ ਏ । ਲੋਕ ਸਿਰਫ਼ ਕੁਝ ਕਲਿੱਕਾਂ ਨਾਲ ਸਿਹਤ ਸੰਭਾਲ, ਸਿੱਖਿਆ, ਬੈਂਕਿੰਗ ਅਤੇ ਹੋਰ ਸੇਵਾਵਾਂ ਤੱਕ ਪਹੁੰਚ ਕਰ ਸਕਦੇ ਨੇ.</u>***

***ਡਿਜੀਟਲ ਇੰਡੀਆ ਮੁਹਿੰਮ ਕਰਕੇ ਦੇਸ਼ ਦੇ ਕਰੀਬ ਹਰ ਪਿੰਡ ਵਿੱਚ ਮੋਬਾਈਲ ਸੰਪਰਕ ਫੈਲ ਗਿਆ ਏ. ਸਿਧੇ ਲਾਭ ਤਬਾਦਲੇ ਰਾਹੀਂ 44 ਲੱਖ ਕਰੋੜ ਰੁਪਏ ਦਿੱਤੇ ਗਏ ਨੇ, ਜਿਸ ਨਾਲ ਸਰਕਾਰ ਦੇ ਤਿੰਨ ਲੱਖ 48 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਬਚਤ ਹੋਈ ਏ । ਡਿਜੀਟਲ ਸੇਵਾਵਾਂ ਨੇ ਪ੍ਰਸ਼ਾਸਨ ਨੂੰ ਤੇਜ਼ ਅਤੇ ਵਧੇਰੇ ਪਾਰਦਰਸ਼ੀ ਬਣਾਇਆ ਏ. UPI, ਵਰਤੋਂਕਾਰਾਂ ਨੂੰ ਸਮਾਰਟਫੋਨਸ ਰਾਹੀਂ ਬੈਂਕ ਖਾਤਿਆਂ ਵਿਚਕਾਰ, ਤੁਰੰਤ ਪੈਸੇ ਟ੍ਰਾਂਸਫਰ ਕਰਨ ਦੀ ਆਗਿਆ ਦਿੰਦਾ ਏ । ਅੱਜ, ਲਗਭਗ 46 ਕਰੋੜ ਲੋਕ ਅਤੇ ਛੇ ਕਰੋੜ ਤੋਂ ਵੱਧ ਵਪਾਰੀ UPI ਦੀ ਵਰਤੋਂ ਕਰ ਰਹੇ ਨੇ.***

----------------------------------------------------------------

ਮੌਨਸੂਨ ਸੀਜਨ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਪਟਿਆਲਾ ਅਤੇ ਲੁਧਿਆਣਾ ਸਮੇਤ ਵੱਖ ਵੱਖ ਜ਼ਿਲਾ ਪ੍ਰਸ਼ਾਸ਼ਨਾਂ ਕਲੋਨ ਸਬੰਧਤ ਵਿਭਾਗਾਂ ਨੂੰ ਹਰ ਪੱਖੋਂ ਲੋੜੀਂਦੇ ਅਤੇ ਪ੍ਰਖਤਾ ਇੰਤਜਾਮ ਅਮਲ ਵਿੱਚ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਨੇ । ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਘਨੌਰ

ਨੇੜੇ ਸਰਾਲਾ ਹੈਡ ਵਿਖੇ ਘੱਗਰ ਦਰਿਆ  ਦਾ ਦੌਰਾ ਕਰਕੇ ਡਰੇਨੇਜ ਵਿਭਾਗ ਵੱਲੋਂ ਕੀਤੇ ਜਾ ਰਹੇ ਹੜ੍ਹ ਰੋਕੂ ਕਾਰਜਾਂ ਦਾ ਨਿਰੀਖਣ ਕੀਤਾ। ਡਿਪਟੀ ਕਮਿਸ਼ਨਰ ਨੂੰ ਐਕਸੀਐਨ ਪ੍ਰਥਮ ਗੰਭੀਰ ਨੇ ਦੱਸਿਆ ਕਿ ਇਸ ਵੇਲੇ ਘੱਗਰ ਦਰਿਆ 'ਚ ਭਾਂਖਰਪੁਰ ਵਿਖੇ 3272 ਕਿਊਸਿਕ ਅਤੇ ਸਰਾਲਾ ਹੈਡ ‘ਤੇ 4 ਫੁੱਟ ਗੇਜ ‘ਤੇ ਪਾਣੀ ਵਹਿ ਰਿਹਾ ਏ ।  ਅਤੇ ਖਤਰੇ ਦੀ ਕੋਈ ਗੱਲ ਨਹੀਂ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ ਨਦੀਆਂ ‘ਚ ਪਾਣੀ ਦੇ ਵਹਿਣ ‘ਤੇ ਪੂਰੀ ਨਜ਼ਰ ਰੱਖੀ ਜਾ ਰਹੀ ਏ ਜਿਸ ਲਈ ਲੋਕਾਂ ਨੂੰ ਡਰਨ ਦੀ ਕੋਈ ਲੋੜ ਨਹੀਂ ਅਤੇ ਨਾ ਹੀ ਕਿਸੇ ਕਿਸਮ ਦੀਆਂ ਅਫ਼ਵਾਹਾਂ ‘ਤੇ ਯਕੀਨ ਕਰਨਾ ਚਾਹੀਦਾ ਏ । ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਘੱਗਰ, ਟਾਂਗਰੀ ਤੇ ਮਾਰਕੰਡਾ ਦਰਿਆਵਾਂ ਦੇ ਕੈਚਮੈਂਟ ਖੇਤਰ 'ਚ ਪਈ ਬਰਸਾਤ ਕਰਕੇ ਇਨ੍ਹਾਂ ਨਦੀਆਂ 'ਚ ਪਾਣੀ ਦੀ ਮਾਤਰਾ ਵਧੀ ਸੀ ਜੋ ਹੁਣ ਲਗਾਤਾਰ ਘੱਟ ਰਿਹਾ ਏ ਪਰੰਤੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੀ ਚੌਕਸੀ ਨਾਲ ਇਨ੍ਹਾਂ ਨਦੀਆਂ 'ਚ ਪਾਣੀ ਦੇ ਵਹਾਅ 'ਤੇ ਪੂਰੀ ਨਜ਼ਰ ਰੱਖੀ ਜਾ ਰਹੀ ਏ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹੜ੍ਹਾਂ ਬਾਰੇ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਤੋਂ ਸੁਚੇਤ ਰਹਿਣ

ਅਤੇ ਪਾਣੀ ਬਾਰੇ ਹੜ੍ਹ ਕੰਟਰੋਲ ਰੂਮ ਦੇ ਨੰਬਰ 0175-2350550 'ਤੇ ਜਾਣਕਾਰੀ ਦਿੱਤੀ ਜਾ ਸਕਦੀ ਏ। ਹੜ੍ਹਾਂ ਦੀ ਸਥਿਤੀ ਪੈਦਾ ਹੋਣ 'ਤੇ ਲੋਕਾਂ ਦੀ ਸਹੂਲਤ ਲਈ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਪ੍ਰਬੰਧਕੀ ਕੰਪਲੈਕਸ ਸਮੇਤ ਸਬ-ਡਵੀਜ਼ਨਾਂ ਵਿੱਚ 8 ਕੰਟਰੋਲ ਰੂਮ ਸਥਾਪਤ ਕੀਤੇ ਗਏ ਨੇ। ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਨੇ ਕਿਹਾ ਕਿ ਢੁੱਕਵੇਂ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਤਾਂ ਜੋ ਲੋੜ ਪੈਣ 'ਤੇ ਕਿਸੇ ਵੀ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਸਿਹਤ, ਪਸ਼ੂ ਪਾਲਣ ਵਿਭਾਗ, ਨਗਰ ਨਿਗਮ ਅਤੇ ਨਗਰ ਕੌਂਸਲਾਂ ਵੱਲੋਂ ਲੋੜੀਂਦੀਆਂ ਤਿਆਰੀਆਂ ਨੂੰ ਅਮਲੀ ਜਾਮਾ ਪਹਿਨਾਉਣ ਦੇ ਨਾਲ-ਨਾਲ ਲੋੜੀਂਦੀਆਂ ਦਵਾਈਆਂ ਅਤੇ ਮਸ਼ੀਨਰੀ ਦੀ ਵਿਵਸਥਾ ਵੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਪੈਂਦੇ ਸਤਲੁਜ ਦਰਿਆ ਦੇ ਬੰਨ੍ਹ ਦੀਆਂ ਨਾਜ਼ੁਕ ਥਾਵਾਂ ਦਾ ਅਗਾਉਂ ਦੌਰਾ ਕਰਕੇ ਸਬੰਧਤ ਅਧਿਕਾਰੀ ਜਿਸ ਥਾਂ 'ਤੇ ਲੋੜ ਹੋਵੇ ਤੁਰੰਤ ਕਾਰਵਾਈ ਨੂੰ ਅਮਲ ਵਿੱਚ ਲਿਆਉਣਗੇ। ਉਨ੍ਹਾਂ ਨੇ ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ

ਅਤੇ ਨਾਇਬ ਤਹਿਸੀਲਦਾਰਾਂ ਨੂੰ ਵੀ ਹਦਾਇਤ ਕੀਤੀ ਕਿ ਉਹ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਪੈਂਦੇ ਸਾਰੇ ਪੁਆਇੰਟਾਂ ਦਾ ਦੌਰਾ ਕਰਨਗੇ ਅਤੇ ਕਾਰਵਾਈ ਦੀ ਰਿਪੋਰਟ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਦੇਣਗੇ । ਓਧਰ ਸਿਹਤ ਵਿਭਾਗ ਦੀ ਟੀਮ ਨੇ ਬੀਤੇ ਦਿਨ ਕੀਰਤਪੁਰ ਸਾਹਿਬ ਦੇ ਹੜ੍ਹ ਸੰਭਾਵਿਤ ਇਲਾਕਿਆਂ ਹਰੀਵਾਲ ਅਤੇ ਚੰਦਪੁਰ ਦਾ ਦੌਰਾ ਕੀਤਾ। ਇਸ ਦੌਰਾਨ ਉਹਨਾਂ ਸਰਪੰਚ ਨਾਲ ਮੀਟਿੰਗ ਕੀਤੀ ਅਤੇ ਲੋਕਾਂ ਨੂੰ ਵੱਖ ਵੱਖ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ। ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਹੜ੍ਹਾਂ ਦੌਰਾਨ ਬਿਮਾਰੀਆਂ ਫੈਲਣ ਦਾ ਖ਼ਤਰਾ ਵੱਧ ਜਾਂਦਾ ਏ ਇਸ ਲਈ ਸਿਹਤ ਵਿਭਾਗ ਵੱਲੋਂ ਮਾਨਸੂਨ ਦੇ ਮੱਦੇਨਜ਼ਰ ਅਜਿਹੀਆਂ ਟੀਮਾਂ ਦਾ ਗਠਨ ਕੀਤਾ ਗਿਐ ਜੋ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਨਾ ਸਿਰਫ ਸਥਿਤੀ ਦਾ ਜਾਇਜ਼ਾ ਲੈ ਰਹੀਆਂ ਨੇ ਸਗੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਵੀ ਕਰ ਰਹੀਆਂ ਨੇ।

---------------------------------------------------------

ਦੇਸ਼ ਅੱਜ ਡਾਕਟਰ ਦਿਵਸ ਅਤੇ ਚਾਰਟਰਡ ਅਕਾਊਂਟੈਂਟ ਦਿਵਸ ਮਨਾ

ਰਿਹਾ ਏ, ਜੋ ਕਿ ਇਹਨਾਂ ਦੋ ਮਹੱਤਵਪੂਰਨ ਪੇਸ਼ਿਆਂ ਦੇ ਯੋਗਦਾਨ ਦੇ ਸਨਮਾਨ ਨੂੰ ਦਰਸਾਉਂਦਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ ਸਾਰੇ ਮਿਹਨਤੀ ਡਾਕਟਰਾਂ ਅਤੇ ਚਾਰਟਰਡ ਅਕਾਊਂਟੈਂਟਸ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਡਾਕਟਰ, ਸਿਹਤ ਦੇ ਸੱਚੇ ਰੱਖਿਅਕ ਅਤੇ ਮਨੁੱਖਤਾ ਦੇ ਥੰਮ੍ਹ ਨੇ। ਉਨ੍ਹਾਂ ਕਿਹਾ ਕਿ ਭਾਰਤ ਦੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ, ਉਨ੍ਹਾਂ ਦਾ ਯੋਗਦਾਨ ਸੱਚਮੁੱਚ ਬੇਮਿਸਾਲ ਏ। ਇੱਕ ਹੋਰ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪਾਲਣਾ ਅਤੇ ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਕੇ, ਚਾਰਟਰਡ ਅਕਾਊਂਟੈਂਟ ਇੱਕ ਸਿਹਤਮੰਦ ਅਰਥ-ਵਿਵਸਥਾ ਵਿੱਚ ਯੋਗਦਾਨ ਪਾਉਂਦੇ ਨੇ। ਮੋਹਾਲੀ ਸਥਿਤ ਸਰਕਾਰੀ ਮੈਡੀਕਲ ਕਾਲਜ ਦੇ ਡਾਇਰੈਕਟਰ ਡਾ. ਭਵਨੀਤ ਭਾਰਤੀ ਨੇ ਡਾਕਟਰ ਦਿਵਸ ਮੌਕੇ ਕਿਹਾ।

**BYTE:**

---------------------------------------------------------------

ਪੰਜਾਬ ਨੇ ਜੂਨ 2025 ਲਈ ਸ਼ੁੱਧ ਜੀ.ਐਸ.ਟੀ ਪ੍ਰਾਪਤੀ ਵਿੱਚ ਰਿਕਾਰਡ

ਤੋੜ 44.44 ਫੀਸਦੀ  ਵਾਧਾ ਅਤੇ ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਲਈ 27.01 ਫੀਸਦੀ ਦਾ ਵਾਧਾ ਦਰਜ ਕੀਤਾ ਏ , ਜੋ ਕਿ ਸੂਬੇ ਦੇ ਇਤਿਹਾਸ ਵਿੱਚ ਕਿਸੇ ਵਿੱਤੀ ਤਿਮਾਹੀ ਦੌਰਾਨ ਅਤੇ ਜੂਨ ਮਹੀਨੇ ਲਈ ਹੁਣ ਤੱਕ ਦਾ ਦਰਜ਼ ਕੀਤਾ ਗਿਆ ਸਭ ਤੋਂ ਵੱਧ ਜੀ.ਐਸ.ਟੀ ਮਾਲੀਆ ਵਾਧਾ ਏ । ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਰਾਜ ਦੇ ਚੋਟੀ ਦੇ ਪੰਜ ਟੈਕਸਦਾਤਾਵਾਂ ਨੂੰ ਰਾਜ ਦੇ ਆਰਥਿਕ ਵਿਕਾਸ ਅਤੇ ਮਾਲੀਆ ਉਤਪਾਦਨ ਵਿੱਚ ਉਨ੍ਹਾਂ ਦੇ ਮਿਸਾਲੀ ਯੋਗਦਾਨ ਲਈ ਸਨਮਾਨਿਤ ਕਰਨ ਤੋਂ ਬਾਅਦ  ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ ਕੀਤਾ।  ਵਿੱਤ ਮੰਤਰੀ ਨੇ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਸਮਾਵੇਸ਼ੀ ਵਿਕਾਸ ਅਤੇ ਵਿੱਤੀ ਸਥਿਰਤਾ ਪ੍ਰਾਪਤ ਕਰਨ ਵਿੱਚ ਜ਼ਿੰਮੇਵਾਰ ਟੈਕਸਦਾਤਾਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਨੇ ਦੱਸਿਆ ਕਿ ਪੰਜਾਬ ਨੇ ਜੀ.ਐਸ.ਟੀ ਵਿਕਾਸ ਵਿੱਚ ਕੌਮੀ ਔਸਤ ਨੂੰ ਪਿੱਛੇ ਛੱਡ ਦਿੱਤਾ ਏ  ਅਤੇ ਸਰਹੱਦੀ ਤਣਾਅ ਸਮੇਤ ਰਾਸ਼ਟਰੀ ਅਤੇ ਭੂ-ਰਾਜਨੀਤਿਕ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਬਾਵਜੂਦ ਟੈਕਸ ਜੁਟਾਉਣ ਵਿੱਚ ਆਪਣੇ ਆਪ ਨੂੰ

ਸਿਖਰਲੇ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚ ਮਜ਼ਬੂਤੀ ਨਾਲ ਸਥਾਪਤ ਕੀਤਾ ਏ ।

---------------------------------------------------------------

ਜ਼ਿਲਾ ਰੂਪਨਗਰ ਦੇ ਛੇ ਸਾਲਾ ਤੇਗਬੀਰ ਸਿੰਘ ਨੇ, ਮਾਊਂਟ ਐਲਬਰਸ ਨੂੰ ਸਰ ਕਰਦਿਆਂ, ਸਭ ਤੋਂ ਘੱਟ ਉਮਰ ਦਾ ਪਰਬਤਾਰੋਹੀ ਬਣ ਕੇ ਨਵਾਂ ਵਿਸ਼ਵ ਰਿਕਾਰਡ ਕਾਇਮ ਕੀਤਾ ਏ। ਇਹ ਰੂਸ ਅਤੇ ਯੂਰਪ ਦੀ ਸਭ ਤੋਂ ਉੱਚੀ ਚੋਟੀ ਏ, ਜੋ ਕਿ 18,510 ਫੁੱਟ (5,642 ਮੀਟਰ) ਉੱਚੀ ਏ। ਇਸ ਦੇ ਨਾਲ ਹੀ ਇਹ ਦੁਨੀਆ ਦੀ ਦਸਵੀਂ ਸਭ ਤੋਂ ਪ੍ਰਮੁੱਖ ਚੋਟੀ ਵੀ ਏ। ਤੇਗਬੀਰ ਨੇ ਆਪਣੇ ਪਿਤਾ ਸ੍ਰੀ ਸੁਖਿੰਦਰਦੀਪ ਸਿੰਘ ਨਾਲ 20 ਜੂਨ ਨੂੰ ਟ੍ਰੈਕ ਸ਼ੁਰੂ ਕੀਤਾ ਸੀ ਅਤੇ ਉਹ 28 ਜੂਨ ਨੂੰ ਐਲਬਰਸ ਚੋਟੀ 'ਤੇ ਪਹੁੰਚੇ।

***ਪੇਸ਼ ਏ ਇੱਕ ਰਿਪੋਰਟ :ਤੇਗਬੀਰ ਨੇ ਕਿਹਾ ਕਿ ਉਸਨੇ ਮਾਊਂਟ ਐਲਬਰਸ ਨੂੰ ਸਰ ਕਰਨ ਦਾ ਇਰਾਦਾ ਬਣਾਇਆ ਸੀ ਅਤੇ ਉਹ ਅਜਿਹਾ ਕਰਨ ਵਿੱਚ ਸਫਲ ਰਿਹਾ। ਉਸਦੀ ਮਾਂ, ਡਾ. ਮਨਪ੍ਰੀਤ ਕੌਰ, ਜੋ ਇੱਕ ਗਾਇਨੀਕੋਲੋਜਿਸਟ ਨੇ, ਉਨ੍ਹਾਂ ਕਿਹਾ ਕਿ ਤੇਗਬੀਰ ਦੀ***

***ਖ਼ੁਰਾਕ ਅਤੇ ਉਸਦੇ ਟ੍ਰੇਨਰ ਬਿਕਰਮਜੀਤ ਸਿੰਘ ਘੁੰਮਣ ਵੱਲੋਂ ਸਿਖਲਾਈ ਨੇ ਇਸ ਪ੍ਰਾਪਤੀ ਵਿੱਚ ਅਹਿਮ ਭੂਮਿਕਾ ਨਿਭਾਈ।***

***BYTE***

***ਉਸਨੂੰ ਰੂਸ ਵਿੱਚ Balkarian ਗਣਰਾਜ ਦੇ Kabardino ਦੇ Mountaineering, Rock Climbing ਅਤੇ Sports Tourism Federation ਵੱਲੋਂ ਇਸ ਚੋਟੀ 'ਤੇ ਸਭ ਤੋਂ ਛੋਟਾ ਪਰਬਤਾਰੋਹੀ ਹੋਣ ਦਾ ਪ੍ਰਮਾਣ ਪੱਤਰ ਪ੍ਰਦਾਨ ਕੀਤਾ ਗਿਆ ਏ। ਇਸ ਚੋਟੀ ਨੂੰ ਸਰ ਕਰਨ ਦਾ ਪਹਿਲਾ ਵਿਸ਼ਵ ਰਿਕਾਰਡ, ਮਹਾਰਾਸ਼ਟਰ ਦੇ ਰਹਿਣ ਵਾਲੇ Wagah Kushagra ਨੇ 7 ਸਾਲ ਅਤੇ 3 ਮਹੀਨੇ ਦੀ ਉਮਰ ਵਿੱਚ ਬੀਤੇ ਸਾਲ ਬਣਾਇਆ ਸੀ। ਆਕਾਸ਼ਵਾਣੀ ਜਲੰਧਰ ਤੋਂ ਰਾਜੇਸ਼ ਬਾਲੀ ਨਾਲ ਮੈਂ ਕਾਜਲ***

----------------------------------------------------

ਫੌਜ ਦੀ ਚੇਤਕ ਕੋਰ ਨੇ ਆਪਣਾ 47ਵਾਂ ਸਥਾਪਨਾ ਦਿਵਸ ਬਠਿੰਡਾ ਫੌਜੀ ਛਾਉਣੀ ਵਿਖੇ ਸ਼ਾਨਦਾਰ ਢੰਗ ਨਾਲ ਮਨਾਇਆ। ਚੇਤਕ ਕੋਰ ਦੀ ਸਥਾਪਨਾ ਪਹਿਲੀ ਜੁਲਾਈ 1979 ਨੂੰ ਲੈਫਟੀਨੈਂਟ ਜਨਰਲ M.L ਤੁਲੀ

ਦੀ ਅਗਵਾਈ ਹੇਠ ਕੀਤੀ ਗਈ ਸੀ। 'ਫਾਈਟ ਫਾਰਵਰਡ, ਫਾਈਟ ਅਗ੍ਰੇਸਿਵ' ਦੇ ਜ਼ੋਰਦਾਰ ਨਾਅਰੇ ਨਾਲ, ਚੇਤਕ ਕੋਰ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਇੱਕ ਬੜੇ ਪੇਸ਼ੇਵਰਾਨਾ ਯੁੱਧ ਲਈ ਤਿਆਰ ਅਤੇ ਅਪਰੇਸ਼ਨਲ ਤੌਰ 'ਤੇ ਸਮਰੱਥ ਸੰਗਠਨ ਦੇ ਤੌਰ ਤੇ ਵਿਕਸਤ ਹੋਣ ਲਈ ਕਈ ਗੇੜਾਂ ਵਿੱਚੋਂ ਲੰਘਿਆ। ਇਸ ਮੌਕੇ ਚੇਤਕ ਕੋਰ ਦੇ ਜਨਰਲ ਅਫਸਰ ਕਮਾਂਡਿੰਗ ,ਲੈਫਟੀਨੈਂਟ ਜਨਰਲ ਸ਼ਮਸ਼ੇਰ ਸਿੰਘ ਵਿਰਕ ਨੇ ਸਾਰੇ ਅਧਿਕਾਰੀਆਂ ਅਤੇ ਜਵਾਨਾਂ ਦੇ ਨਾਲ 'ਯੋਧਾ ਯਾਦਗਾਰ' ਯੁੱਧ ਸਮਾਰਕ 'ਤੇ ਫੁੱਲਮਾਲਾ ਭੇਟ ਕੀਤੀ । ਇਹ ਸ਼ਰਧਾਂਜਲੀ ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸਮਰਪਿਤ ਸੀ ਜਿਨ੍ਹਾਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹੋਏ ਵੱਖ-ਵੱਖ ਯੁੱਧਾਂ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਕੋਰ ਕਮਾਂਡਰ ਨੇ, ਕੋਰ ਦੇ ਸਾਰੇ ਅਧਿਕਾਰੀਆਂ ਅਤੇ ਸੈਨਿਕਾਂ ਨੂੰ ਪੂਰੀ ਵਫ਼ਾਦਾਰੀ ਅਤੇ ਸਮਰਪਣ ਨਾਲ ਆਪਣੀ ਡਿਊਟੀ ਨਿਭਾਉਣ ਦਾ ਸੱਦਾ ਦਿੱਤਾ ਅਤੇ ਉਨ੍ਹਾਂ ਨੂੰ ਭਾਰਤੀ ਫੌਜ ਦੀਆਂ ਉੱਚ ਰਿਵਾਇਤਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ । ਉਨ੍ਹਾਂ ਨੇ 'ਆਪ੍ਰੇਸ਼ਨ ਸਿੰਦੂਰ' ਦੌਰਾਨ ਕੋਰ ਦੀ ਉੱਚ ਪੱਧਰੀ ਤਿਆਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ

ਦੀਆਂ ਸਾਰੀਆਂ ਮੁਹਿੰਮਾਂ ਲਈ ਹਮੇਸ਼ਾ ਤਿਆਰ ਰਹਿਣ ਦੀ ਤਾਕੀਦ ਕੀਤੀ। ਲੈਫਟੀਨੈਂਟ ਜਨਰਲ ਵਿਰਕ ਨੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਅਣਮੁੱਲੇ ਯੋਗਦਾਨ ਪ੍ਰਤੀ ਧੰਨਵਾਦ ਪ੍ਰਗਟ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਕੋਰ, ਹਮੇਸ਼ਾ ਵੀਰ ਨਾਰੀਆਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹੇਗਾ।

---------------------------------------------------------

ਪੰਜਾਬ ਵਿੱਚ ਪਿਛਲੇ 15 ਮਹੀਨਿਆਂ ਵਿੱਚ, 58 ਬਾਲ ਵਿਆਹ ਹੋਣ ਤੋਂ ਰੋਕੇ ਗਏ ਨੇ। ਸੂਬੇ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਸੂਤਰਾਂ ਦੇ ਹਵਾਲੇ ਨਾਲ, ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਇਹ ਹੈਰਾਨੀ ਜਨਕ ਏ ਕਿ ਇਨ੍ਹਾਂ ਵਿੱਚੋਂ 55 ਉਹ ਨੇ ਜੋ ਪੰਜਾਬ ਦੇ ਪਰਿਵਾਰਾਂ ਨਾਲ ਸਬੰਧਤ ਸਨ ਅਤੇ ਸਿਰਫ਼ 3 ਰਾਜ ਵਿੱਚ ਵਸੇ ਪ੍ਰਵਾਸੀ ਪਰਿਵਾਰਾਂ ਤੋਂ ਸਨ। ਅੰਕੜਿਆਂ ਮੁਤਾਬਿਕ, ਪਿਛਲੇ ਸਾਲ ਜਨਵਰੀ ਤੋਂ ਦਸੰਬਰ ਵਿਚਕਾਰ ਬਾਲ ਵਿਆਹ ਦੇ 42 ਮਾਮਲੇ ਰੋਕੇ ਗਏ ਸਨ ਅਤੇ ਇਸ ਸਾਲ

ਜਨਵਰੀ ਤੋਂ ਮਾਰਚ ਵਿਚਕਾਰ 16 ਨੂੰ ਰੋਕਿਆ ਗਿਆ ਏ। ਇਹ ਅੰਕੜੇ ਦਰਸਾਉਂਦੇ ਨੇ ਕਿ ਹਰ ਮਹੀਨੇ ਬਾਲ ਵਿਆਹ ਦੀਆਂ ਤਿੰਨ ਤੋਂ ਵੱਧ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਨੇ. ਰੋਕੇ ਗਏ ਬਾਲ ਵਿਆਹਾਂ ਦੀਆਂ ਕੁੱਲ ਕੋਸ਼ਿਸ਼ਾਂ ਵਿੱਚੋਂ, ਇੱਕ ਨਾਬਾਲਗ ਮੁੰਡੇ ਦਾ ਵਿਆਹ ਸੀ ਅਤੇ ਬਾਕੀ ਨਾਬਾਲਗ ਕੁੜੀਆਂ ਦਾ ਵਿਆਹ ਮਰਦਾਂ ਨਾਲ ਕੀਤਾ ਜਾ ਰਿਹਾ ਸੀ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਉਨ੍ਹਾਂ ਤੋਂ ਬਹੁਤ ਵੱਡੀ ਉਮਰ ਦੇ ਸਨ। ਹਲਕਿਆਂ ਨੇ ਦੱਸਿਆ ਏ ਕਿ ਜ਼ਿੰਮੇਵਾਰ ਲੋਕਾਂ ਵਿਰੁੱਧ ਕਾਨੂੰਨੀ ਕਾਰਵਾਈ ਵੀ ਸ਼ੁਰੂ ਕਰ ਦਿੱਤੀ ਗਈ ਏ। ਇਸ ਦੌਰਾਨ, ਪੰਜਾਬ ਵਿੱਚ 24 ਘੰਟੇ ਚਲਣ ਵਾਲਾ ਇੱਕ ਸਮਰਪਿਤ ਬਾਲ ਹੈਲਪਲਾਈਨ ਨੰਬਰ 1098, ਕੰਮ ਕਰ ਰਿਹਾ ਏ, ਜਿਸ ਰਾਹੀਂ ਕੋਈ ਵੀ ਨਾਗਰਿਕ ਬਾਲ ਵਿਆਹ, ਬਾਲ ਸ਼ੋਸ਼ਣ ਜਾਂ ਸ਼ੋਸ਼ਣ ਦੀਆਂ ਘਟਨਾਵਾਂ ਦੀ ਗੁਪਤ ਰੂਪ ਵਿੱਚ ਸ਼ਿਕਾਇਤ ਕਰ ਸਕਦਾ ਏ. ਅਜਿਹੀਆਂ ਘਟਨਾਵਾਂ ਬਾਰੇ ਜਾਣਕਾਰੀ, ਸਬੰਧਤ ਪਿੰਡਾਂ ਦੇ ਸੀਨੀਅਰ ਸੈਕੰਡਰੀ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਨਾਲ ਵੀ ਸਾਂਝੀ ਕੀਤੀ ਜਾ ਸਕਦੀ ਏ, ਜਿਨ੍ਹਾਂ

ਨੂੰ ਬਾਲ ਵਿਆਹ ਰੋਕਥਾਮ ਅਫਸਰ ਵਜੋਂ ਨਾਮਜ਼ਦ ਕੀਤਾ ਗਿਆ ਏ, ਤਾਂ ਜੋ ਤੁਰੰਤ ਕਾਰਵਾਈ ਨੂੰ ਯਕੀਨੀ ਬਣਾਇਆ ਜਾ ਸਕੇ।

---------------------------------------------------------

ਮੌਸਮ ਵਿਭਾਗ ਨੇ ਜੁਲਾਈ ਮਹੀਨੇ ਦੌਰਾਨ ਦੇਸ਼ ਵਿੱਚ ਔਸਤ ਵਰਖਾ, ਆਮ ਨਾਲੋਂ ਵੱਧ ਰਹਿਣ ਦੀ ਪੇਸ਼ੀਨਗੋਈ ਕੀਤੀ ਏ । ਇੱਕ ਵਰਚੁਅਲ ਪ੍ਰੈਸ ਕਾਨਫਰੰਸ ਵਿੱਚ, ਮੌਸਮ ਵਿਭਾਗ ਦੇ ਡਾਇਰੈਕਟਰ ਜਨਰਲ ਡਾ. ਮ੍ਰਿਤੁਨਜੈ ਮਹਾਪਾਤਰਾ ਨੇ ਕਿਹਾ ਕਿ ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਆਮ ਤੋਂ ਵੱਧ ਬਾਰਿਸ਼ ਹੋਣ ਦੀ ਸੰਭਾਵਨਾ ਏ । ਏਧਰ ਪੰਜਾਬ ਵਿੱਚ ਜਲੰਧਰ ਅਤੇ ਹੁਸ਼ਿਆਰਪੁਰ ਸਮੇਤ ਹੋਰਨਾਂ ਕਈ ਥਾਵਾਂ ਤੇ ਭਾਰੀ ਮੀਂਹ ਪੈਣ ਨਾਲ  ਘੱਟੋ ਘੱਟ ਤਾਪਮਾਨ ਵਿੱਚ ਹੋਰ ਗਿਰਾਵਟ ਆਈ ਏ ।ਕਈ ਥਾਈਂ ਪਾਣੀ ਭਰਨ ਕਰਨ ਲੋਕਾਂ ਨੂੰ ਆਵਾਜਾਈ ਵਿਚ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ । ਮੌਸਮ ਵਿਭਾਗ ਮੁਤਾਬਿਕ 6 ਜੁਲਾਈ ਤੱਕ ਬਹੁਤ ਸਾਰੀਆਂ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਰੀ ਰਹੇਗੀ । ਕੁਝ ਥਾਵਾਂ ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਜਦਕਿ ਪਹਿਲੀ

ਜੁਲਾਈ ਤੋਂ 6 ਜੁਲਾਈ ਤੱਕ ਕਈ ਥਾਵਾਂ ਤੇ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਵੀ ਕੀਤੀ ਗਈ ਏ ।

---------------------------------------------------------------

ਅੰਤਰ-ਰਾਸ਼ਟਰੀ ਮਹਿਲਾ ਟਵੈਂਟੀ-ਟਵੈਂਟੀ ਕ੍ਰਿਕਟ ਵਿੱਚ ਭਾਰਤ ਅਤੇ ਇੰਗਲੈਂਡ ਵਿਚਕਾਰ ਪੰਜ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਇੰਗਲੈਂਡ ਦੇ ਬ੍ਰਿਸਟਲ ਕਾਉਂਟੀ ਗਰਾਊਂਡ ਵਿੱਚ ਖੇਡਿਆ ਜਾਵੇਗਾ। ਭਾਰਤੀ ਸਮੇਂ ਮੁਤਾਬਿਕ ਇਹ ਮੈਚ ਰਾਤੀ 11 ਵਜੇ ਖੇਡਿਆ ਜਾਵੇਗਾ । ਇਸ ਤੋਂ ਪਹਿਲਾਂ, ਨਾਟਿੰਘਮ ਦੇ ਟ੍ਰੈਂਟ ਬ੍ਰਿਜ ਵਿਖੇ ਖੇਡੇ ਗਏ ਪਹਿਲੇ ਮੈਚ ਵਿੱਚ, ਭਾਰਤ ਨੇ ਇੰਗਲੈਂਡ ਨੂੰ 97 ਦੌੜਾਂ ਨਾਲ ਹਰਾ ਕੇ 1-0 ਦੀ ਲੀਡ ਹਾਸਲ ਕੀਤੀ।

---------------------------------------------------------------

- ਡਿਜੀਟਲ ਇੰਡੀਆ ਨੇ ਅੱਜ 10 ਸਾਲ ਪੂਰੇ ਕੀਤੇ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਇਹ ਮਿਸ਼ਨ ਹੁਣ ਇੱਕ ਜਨ ਅੰਦੋਲਨ ਬਣ ਗਿਆ ਏ ।

- ਮੌਨਸੂਨ ਸੀਜਨ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ, ਪਟਿਆਲਾ ਅਤੇ ਲੁਧਿਆਣਾ ਸਮੇਤ ਵੱਖ ਵੱਖ ਜ਼ਿਲਾ ਪ੍ਰਸ਼ਾਸ਼ਨਾਂ ਵਲੋਂ ਸਬੰਧਤ ਵਿਭਾਗਾਂ ਨੂੰ ਪੁਖਤਾ ਇੰਤਜਾਮ ਕਰਨ ਦੇ ਨਿਰਦੇਸ਼।
- ਦੇਸ਼ ਅੱਜ ਡਾਕਟਰ ਦਿਵਸ ਅਤੇ ਚਾਰਟਰਡ ਅਕਾਊਂਟੈਂਟ ਦਿਵਸ ਮਨਾ ਰਿਹਾ ਏ।
- ਰੂਪਨਗਰ ਦੇ ਛੇ ਸਾਲਾ ਤੇਗਬੀਰ ਸਿੰਘ ਨੇ, ਰੂਸ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਲਬਰਸ ਫਤਿਹ ਕੀਤੀ-ਬਣਾਇਆ ਵਿਸ਼ਵ ਰਿਕਾਰਡ।
- ਮੌਸਮ ਵਿਭਾਗ ਨੇ ਜੁਲਾਈ ਦੌਰਾਨ ਪੂਰੇ ਦੇਸ਼ ਵਿੱਚ ਔਸਤ ਵਰਖਾ ਆਮ ਨਾਲੋਂ ਵੱਧ ਰਹਿਣ ਦੀ ਪੇਸ਼ੀਨਗੋਈ ਕੀਤੀ।
- ਅੰਤਰ-ਰਾਸ਼ਟਰੀ ਮਹਿਲਾ ਟਵੈਂਟੀ-ਟਵੈਂਟੀ ਕ੍ਰਿਕਟ ਵਿੱਚ ਭਾਰਤ ਅਤੇ ਇੰਗਲੈਂਡ ਵਿਚਕਾਰ ਪੰਜ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਇੰਗਲੈਂਡ ਵਿੱਚ ਖੇਡਿਆ ਜਾਵੇਗਾ।